**ਸ਼੍ਰੇਣੀ ਪੰਜਵੀਂ**

**ਗਣਿਤ**

**ਸਮਾ: 3 ਘੰਟੇ** **ਲਿਖਤੀ : 80 ਅੰਕ**

**ਸੀ.ਸੀ.ਈ : 20 ਅੰਕ**

**ਕੁੱਲ: 100 ਅੰਕ**

# ਪਾਠ ਕ੍ਰਮ

## ਰੇਖਾ ਗਣਿਤ

### ਆਕ੍ਰਿਤੀਆਂ ਅਤੇ ਇਹਨਾਂ ਦਾ ਵਿੱਥਮਈ ਗਿਆਨ

- 2-D ਵਿੱਚ ਇੱਕ3-D ਵਸਤੂ ਦੇ ਦ੍ਰਿਸ਼ ਨੂੰ ਮਹਿਸੂਸ ਕਰਨਾ।
- ਨਿਰੀਖਣ ਅਤੇ ਪੇਪਰ ਮੋੜਨ ਦੁਆਰਾ ਬਣੇ ਇੱਕ ਕੋਣ ਨੂੰ ਮਹਿਸੂਸ ਕਰਨਾ।
- ਆਪਣੇ ਵਾਤਾਵਰਣ ਵਿੱਚੋਂ ਲੰਬ ਕੋਣਾਂ ਨੂੰ ਪਛਾਣਨਾ।
- ਕੋਣਾਂ ਦਾ ਸਮਕੋਣ, ਨਿਊਨ ਅਤੇ ਅਧਿਕ ਕੋਣਾਂ ਵਿੱਚ ਵਰਗੀਕਰਣ।
- ਸਮਕੋਣ, ਨਿਊਨ ਕੋਣ ਅਤੇ ਅਧਿਕ ਕੋਣ ਨੂੰ ਬਣਾ ਕੇ ਅਤੇ ਟਰੇਸ ਕਰਕੇ ਦਰਸਾਉਣਾ।
- ਪਰਿਚਿਤ 2-D ਆਕ੍ਰਿਤੀਆਂ ਦੇ ਘੁੰਮਣ ਅਤੇ ਪਰਛਾਵੇਂ ਨੂੰ ਅੰਤਰ - ਗਿਆਨ ਦੁਆਰਾ ਖੋਜਣਾ।
- ਪਰਿਚਿਤ 3-D ਆਕ੍ਰਿਤੀਆਂ ਵਿੱਚ ਸਮਮਿਤੀ ਨੂੰ ਅੰਤਰ-ਗਿਆਨ ਦੁਆਰਾ ਖੋਜਣਾ।
- ਜਾਲ, ਖਾਸ ਕਰਕੇ ਜਿਹੜੇ ਇਸ ਮੰਤਵ ਲਈ ਬਣਾਏ ਹਨ, ਦੀ ਵਰਤੋਂ ਕਰਕੇ ਘਣ, ਸਿਲੰਡਰ ਅਤੇ ਕੋਣਾਂ ਦੀਆਂ ਆਕ੍ਰਿਤੀਆਂ ਬਣਾਉਣਾ ।

## ਸੰਖਿਆਵਾਂ

### ਸੰਖਿਆਵਾਂ ਅਤੇ ਕਿਰਿਆਵਾਂ

- 1000 ਤੋਂ ਵੱਧ ਦੀਆਂ ਸੰਖਿਆਵਾਂ ਵਿੱਚ ਸਥਾਨਕ ਮੁੱਲ ਪਤਾ ਕਰਨਾ।
- ਜੋੜ, ਘਟਾਓ ਅਤੇ ਗੁਣਨ ਐਲਗੋਰਿਥਮ ਵਿੱਚ ਸਥਾਨਕ ਮੁੱਲ ਦੀ ਭੂਮਿਕਾ ਦਾ ਮਹੱਤਵ ਸਮਝਣਾ।
- ਗੈਰ ਰਸਮੀ ਅਤੇ ਮਿਆਰੀ ਵੰਡ ਐਲਗੋਰਿਥਮ ਵਰਤਣਾ।
- ਗੁਣਨਖੰਡਾਂ ਅਤੇ ਗੁਣਜਾਂ ਦੇ ਅਰਥ ਸਮਝਾਉਣਾ।

### ਦਿਮਾਗੀ ਅੰਕ ਗਣਿਤ

- ਜੋੜਫਲ, ਅੰਤਰ, ਗੁਣਨ ਅਤੇ ਭਾਗਫਲ ਦਾ ਅੰਦਾਜ਼ਾ ਲਗਾਉਣਾ ਅਤੇ ਨਿਕਟੀਕਰਣ ਦੀ ਵਰਤੋਂ ਕਰਕੇ ਪੜਤਾਲ ਕਰਨਾ।

### ਭਿੰਨਾਤਮਕ ਸੰਖਿਆਵਾਂ

- ਇੱਕ ਸਮੂਹ ਦਾ ਭਿੰਨਾਤਮਕ ਹਿੱਸਾ ਪਤਾ ਕਰਨਾ।
- ਭਿੰਨਾਂ ਦੀ ਤੁਲਨਾ ਕਰਨਾ।
- ਇੱਕ ਭਿੰਨ ਦੀ ਪਰਿਚਿਤ ਭਿੰਨਾਂ ( 1/2, 1,4, 3/4 ਆਦਿ) ਨਾਲ ਨਿਕਟਤਾ ਦੀ ਮਾਤਰਾ ਦਾ ਅੰਦਾਜ਼ਾ ਲਗਾਉ।
- ਲੰਬਾਈ ਅਤੇ ਧਨ ਦੀਆਂ ਇਕਾਈਆਂ ਦੇ ਸੰਦਰਭ ਵਿੱਚ ਦਸ਼ਮਲਵ ਭਿੰਨਾਂ ਦੀ ਵਰਤੋਂ।

- ਇੱਕ ਦਿੱਤੀ ਭਿੰਨ ਨੂੰ ਦਸ਼ਮਲਵ ਸੰਕੇਤਨ ਵਿੱਚ ਦਰਸਾਉਣਾ ਅਤੇ ਦਸ਼ਮਲਵ ਸੰਕੇਤਨ ਨੂੰ ਭਿੰਨ ਵਿੱਚ ਦਰਸਾਉਣਾ।

**ਧਨ (ਮੁਦਰਾ)**

- ਧਨ ਨਾਲ ਸੰਬੰਧਤ ਸਮੱਸਿਆਵਾਂ ਨੂੰ ਹੱਲ ਕਰਨ ਲਈ ਚਾਰ ਕਿਰਿਆਵਾਂ ਦੀ ਵਰਤੋਂ।

## ਮਾਪ

**ਲੰਬਾਈ**

- ਸਧਾਰਣ ਰੇਖਾ-ਗਣਿਤਿਕ ਆਕ੍ਰਿਤੀਆਂ ਦਾ ਪਰਿਮਾਪ ਅਤੇ ਖੇਤਰਫਲ ਪਤਾ ਕਰਨਾ।
- ਲੰਬਾਈ, ਭਾਰ ਅਤੇ ਆਇਤਨ ਨਾਲ ਸੰਬੰਧਤ ਸਮੱਸਿਆਵਾਂ ਨੂੰ ਹੱਲ ਕਰਨ ਲਈ ਚਾਰ ਕਿਰਿਆਵਾਂ ਦੀ ਵਰਤੋਂ।
- ਲੰਬਾਈ, ਭਾਰ ਅਤੇ ਆਇਤਨ ਦੀਆਂ ਵੱਡੀਆਂ ਅਤੇ ਛੋਟੀਆਂ ਇਕਾਈਆਂ ਵਰਤ ਕੇ ਸਾਂਝਾ ਸੰਬੰਧ ਜੋੜਨਾ ਅਤੇ ਇੱਕ ਨੂੰ ਦੂਜੇ ਵਿੱਚ ਬਦਲਣਾ।
- ਸਧਾਰਣ ਭਿੰਨਾਂ ਨੂੰ ਰਾਸ਼ੀਆਂ ’ਤੇ ਲਾਗੂ ਕਰਨਾ।
- ਭਿੰਨਾਤਮਕ ਵੱਡੀਆਂ ਇਕਾਈਆਂ ਨੂੰ ਪੂਰਨ ਛੋਟੀਆਂ ਇਕਾਈਆਂ ਵਿੱਚ ਬਦਲਣਾ।
- ਇੱਕ ਠੋਸ ਵਸਤੂ ਦੇ ਆਇਤਨ ਦਾ ਮਹੱਤਵ ਸਮਝਣਾ: ਅੰਤਰ ਗਿਆਨ ਰਾਹੀਂ ਅਤੇ ਅਣ-ਉਪਚਾਰਕ (ਗੈਰ-ਰਸਮੀ) ਮਾਪ ਦੀ ਵੀ ਵਰਤੋਂ ਕਰਕੇ।
- ਸਧਾਰਣ ਹਾਲਤਾਂ ਵਿੱਚ ਸਮਾਂ ਅਵਧੀ ਪਤਾ ਕਰਨ ਵਿੱਚ ਜੋੜ ਅਤੇ ਘਟਾਓ ਦੀ ਵਰਤੋਂ।

**ਅੰਕੜੇ ਬਣਾਉਣਾ**

- ਦੋ ਪਸਾਰੀ ਮਾਤਰਾਤਮਕ ਅੰਕੜੇ ਇਕੱਠੇ ਕਰਨਾ।
- ਅੰਕੜਿਆਂ ਨੂੰ ਇੱਕ ਸਾਰਣੀ ਦੇ ਰੂਪ ਵਿੱਚ ਦਰਸਾਉਣਾ।
- ਅੰਕੜਿਆਂ ਨੂੰ ਛੜ ਗਰਾਫ ਜਾਂ ਚਿੱਤਰ-ਚਿੰਨ੍ਹ ਰਾਹੀਂ ਦਰਸਾਉਣਾ।

## ਨਮੂਨੇ

- ਵਰਗ ਸੰਖਿਆਵਾਂ, ਤਿਕੋਣਾਕਾਰ ਸੰਖਿਆਵਾਂ ਵਿੱਚ ਨਮੂਨਿਆਂ ਦੀ ਪਹਿਚਾਣ ਕਰਨੀ।
- ਲਗਾਤਾਰ ਵਰਗ ਸੰਖਿਆਵਾਂ ਵਿੱਚ ਟਾਂਕ ਸੰਖਿਆਵਾਂ ਦੇ ਅਨੁਕ੍ਰਮ ਵਿੱਚ ਸੰਬੰਧ।
- ਕਿਨਾਰੀ ਪੱਟੀ ਅਤੇ ਖਪਰੈਲ (ਟਾਇਲ) ਨਮੂਨੇ ਬਣਾਉਣਾ